# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :17-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਹਰਿਆਣਾ ਦੇ ਜੀਂਦ ਰੇਲਵੇ ਸਟੇਸ਼ਨ 'ਤੇ ਜੀਂਦ ਅਤੇ ਸੋਨੀਪਤ ਵਿਚਕਾਰ ਭਾਰਤ ਦੀ ਪਹਿਲੀ ਹਾਈਡ੍ਰੋਜਨ-ਸੰਚਾਲਿਤ ਰੇਲਗੱਡੀ ਨੂੰ ਰਵਾਨਾ ਕੀਤਾ। ਪਹਿਲੀ ਹਾਈਡ੍ਰੋਜਨ-ਸੰਚਾਲਿਤ ਰੇਲਗੱਡੀ ਦੀ ਸ਼ੁਰੂਆਤ ਰੇਲਵੇ ਖੇਤਰ ਵਿੱਚ ਸਾਫ਼ ਅਤੇ ਟਿਕਾਊ ਗਤੀਸ਼ੀਲਤਾ ਨੂੰ ਅਪਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਏ। ਭਾਰਤ ਵਿੱਚ ਡਿਜ਼ਾਈਨ, ਇੰਜੀਨੀਅਰ ਅਤੇ ਅਸੈਂਬਲ, ਰੇਲਗੱਡੀ ਨੂੰ ਸਵਦੇਸ਼ੀ ਤਕਨਾਲੋਜੀ ਦੀ ਵਰਤੋਂ ਕਰਕੇ ਵਿਕਸਤ ਕੀਤਾ ਗਿਆ ਏ ਜੋ ਕਿ ਉੱਨਤ ਰੇਲਵੇ ਇੰਜੀਨੀਅਰਿੰਗ ਵਿੱਚ ਦੇਸ਼ ਦੀ ਵਧ ਰਹੀ ਸਮਰੱਥਾ ਨੂੰ ਦਰਸਾਉਂਦਾ ਏ। ਜੀਂਦ-ਸੋਨੀਪਤ ਸੈਕਸ਼ਨ 'ਤੇ 75 ਕਿਲੋਮੀਟਰ ਪ੍ਰਤੀ ਘੰਟਾ ਦੀ ਸੰਚਾਲਨ ਗਤੀ ਅਤੇ 110 ਕਿਲੋਮੀਟਰ ਪ੍ਰਤੀ ਘੰਟਾ ਦੀ ਡਿਜ਼ਾਈਨ ਗਤੀ ਦੇ ਨਾਲ, ਰੇਲਗੱਡੀ ਇਸ 89 ਕਿਲੋਮੀਟਰ ਸੈਕਸ਼ਨ 'ਤੇ ਨਾ ਸਿਰਫ ਸੁਰੱਖਿਅਤ ਏ ਬਲਕਿ ਤੇਜ਼

ਵੀ ਏ । ਪ੍ਰਧਾਨ ਮੰਤਰੀ ਨੇ ਜੀਂਦ ਦੇ ਏਕਲਵਿਆ ਸਟੇਡੀਅਮ ਵਿੱਚ ਲਗਭਗ 14 ਹਜ਼ਾਰ 700 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ

BYTE

ਜੀਂਦ ਤੋਂ, ਪ੍ਰਧਾਨ ਮੰਤਰੀ ਚੰਡੀਗੜ੍ਹ ਦੀ ਯਾਤਰਾ ਕਰਨਗੇ ਜਿੱਥੇ ਹੁਣ ਤੋਂ ਥੋੜੀ ਦੇਰ ਬਾਅਦ ਉਹ 4 ਹਜ਼ਾਰ 700 ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣਗੇ ਅਤੇ ਉਦਘਾਟਨ ਕਰਨਗੇ। ਉਹ ਇਸ ਮੌਕੇ ਇਕੱਠ ਨੂੰ ਵੀ ਸੰਬੋਧਨ ਕਰਨਗੇ। ਇਸਤੋਂ ਬਾਦ ਪ੍ਰਧਾਨ ਮੰਤਰੀ ਦੁਪਹਿਰ ਨੂੰ ਪੰਜਾਬ ਦੇ ਜਲੰਧਰ ਪਹੁੰਚਣਗੇ, ਜਿੱਥੇ ਉਹ 5 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੇ ਰੇਲ ਅਤੇ ਸੜ੍ਹਕੀ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਰੱਖਣਗੇ। ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਸੰਪਰਕ ਨੂੰ ਮਜ਼ਬੂਤ ਕਰਨਾ, ਮੁਸਾਫ਼ਿਰਾਂ ਦੀ ਸਹੂਲਤ ਵਿੱਚ ਸੁਧਾਰ ਕਰਨਾ ਅਤੇ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਤੇਜ਼ ਕਰਨਾ ਏ । ਉਨ੍ਹਾਂ ਦੀ ਯਾਤਰਾ ਦੇ ਮੱਦੇਨਜ਼ਰ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ । ਸਾਡੇ ਪੱਤਰਕਾਰ ਨੇ ਦਸਿਆ ਕਿ ਪ੍ਰਧਾਨ ਮੰਤਰੀ ਜਲੰਧਰ ਛਾਉਣੀ ਸਟੇਸ਼ਨ ਦਾ ਨਿੱਜੀ ਤੌਰ 'ਤੇ ਉਦਘਾਟਨ ਕਰਨ ਤੋਂ ਬਾਅਦ, ਜਲੰਧਰ ਤੋਂ ਵਰਚੁਅਲ ਮਾਧਿਅਮ ਰਾਂਹੀਂ 20 ਰਾਜਾਂ ਦੇ 74

ਪੁਨਰ-ਵਿਕਸਿਤ ਰੇਲਵੇ ਸਟੇਸ਼ਨਾਂ ਦਾ ਉਦਘਾਟਨ ਕਰਨਗੇ, ਜਿਨ੍ਹਾਂ ਵਿੱਚ ਮੋਹਾਲੀ ਰੇਲਵੇ ਸਟੇਸ਼ਨ, ਸ੍ਰੀ ਮੁਕਤਸਰ ਸਾਹਿਬ ਰੇਲਵੇ ਸਟੇਸ਼ਨ ਅਤੇ ਸ੍ਰੀ ਆਨੰਦਪੁਰ ਸਾਹਿਬ ਰੇਲਵੇ ਸਟੇਸ਼ਨ ਸ਼ਾਮਲ ਨੇ। ਇਨ੍ਹਾਂ ਸਟੇਸ਼ਨਾਂ ਨੂੰ ਦੁਨੀਆ ਦੇ ਸਭ ਤੋਂ ਵੱਡੇ ਸਟੇਸ਼ਨ ਪੁਨਰ-ਵਿਕਾਸ ਪ੍ਰੋਗਰਾਮਾਂ ਵਿੱਚੋਂ ਇੱਕ, ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਤਹਿਤ ਬਦਲਿਆ ਗਿਆ ਏ। ਪ੍ਰਧਾਨ ਮੰਤਰੀ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਤੋਂ ਸੰਤ ਰਵਿਦਾਸ ਐਕਸਪ੍ਰੈਸ ਨੂੰ ਵੀ ਰਵਾਨਾ ਕਰਨਗੇ। ਇਹ ਭਾਰਤ ਦੇ ਦੋ ਸਭ ਤੋਂ ਸਤਿਕਾਰਤ ਧਾਰਮਿਕ ਅਤੇ ਸੱਭਿਆਚਾਰਕ ਕੇਂਦਰ, ਅੰਮ੍ਰਿਤਸਰ ਅਤੇ ਵਾਰਾਣਸੀ ਨੂੰ ਜੋੜਨ ਵਾਲੀ ਪਹਿਲੀ ਸਿੱਧੀ air conditioned ਰੇਲਗੱਡੀ ਏ। ਵਾਰਾਣਸੀ ਵਿੱਚ ਸੀਰ ਗੋਵਰਧਨਪੁਰ ਸੰਤ ਰਵਿਦਾਸ ਜੀ ਦਾ ਜਨਮ ਸਥਾਨ ਏ | ਪ੍ਰਧਾਨ ਮੰਤਰੀ ਨੰਗਲ ਡੈਮ-ਤਲਵਾੜਾ-ਮੁਕੇਰੀਆਂ-ਨਵੀਂ ਰੇਲ ਲਾਈਨ ਪ੍ਰੋਜੈਕਟ ਦੇ ਹਿੱਸੇ ਵਜੋਂ ਦੌਲਤਪੁਰ ਚੌਕ-ਕਰਟੋਲੀ ਨਵੀਂ ਰੇਲ ਲਾਈਨ ਦਾ ਉਦਘਾਟਨ ਵੀ ਕਰਨਗੇ ਅਤੇ ਕਰ-ਟੋਲੀ-ਅੰਬਾਲਾ ਰੇਲ ਸੇਵਾ ਨੂੰ ਵੀ ਹਰੀ ਝੰਡੀ ਦਿਖਾਉਣਗੇ, ਜੋ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿਚਕਾਰ ਰੇਲ ਸੰਪਰਕ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗੀ। ਨਵੀਂ ਰੇਲ ਲਾਈਨ ਸ਼੍ਰੀ ਆਨੰਦਪੁਰ ਸਾਹਿਬ ਅਤੇ ਮਾਂ ਚਿੰਤਪੂਰਨੀ ਮੰਦਿਰ ਵਰਗੇ ਮਹੱਤਵਪੂਰਨ ਧਾਰਮਿਕ ਸਥਾਨਾਂ ਨੂੰ ਸੰਪਰਕ ਪ੍ਰਦਾਨ ਕਰੇਗੀ, ਜਦੋਂ ਕਿ

ਯਾਤਰੀਆਂ ਨੂੰ ਆਵਾਜਾਈ ਦਾ ਤੇਜ਼, ਸੁਰੱਖਿਅਤ ਅਤੇ ਵਧੇਰੇ ਭਰੋਸੇਮੰਦ ਸਾਧਨ ਪ੍ਰਦਾਨ ਕਰਕੇ ਦੂਰ-ਦੁਰਾਡੇ ਖੇਤਰਾਂ ਤੱਕ ਪਹੁੰਚ ਵਧਾਏਗੀ। ਰਾਜ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਦੇ ਹੋਏ, ਪ੍ਰਧਾਨ ਮੰਤਰੀ 30 ਕਿਲੋਮੀਟਰ ਤੋਂ ਵੱਧ ਲੰਬੇ ਚਾਰ-ਲੇਨ ਵਾਲੇ ਗ੍ਰੀਨ-ਫੀਲਡ ਦਿੱਲੀ-ਅੰਮ੍ਰਿਤਸਰ-ਕਟੜਾ ਐਕਸ-ਪ੍ਰੈਸਵੇਅ ਸਮੇਤ ਰਾਸ਼ਟਰੀ ਰਾਜਮਾਰਗ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ 25 ਕਿਲੋਮੀਟਰ ਤੋਂ ਵੱਧ ਲੰਬੇ ਛੇ-ਲੇਨ ਵਾਲੇ ਗ੍ਰੀਨਫੀਲਡ ਦੱਖਣੀ ਲੁਧਿਆਣਾ ਬਾਈਪਾਸ ਦਾ ਨੀਂਹ ਪੱਥਰ ਰੱਖਣਗੇ।

---------------------------------------------------------------

ਅੱਜ ਦੁਨੀਆ ਭਰ ਵਿੱਚ ਅੰਤਰ-ਰਾਸ਼ਟਰੀ ਨਿਆਂ ਦਿਵਸ ਮਨਾਇਆ ਜਾ ਰਿਹਾ ਏ | ਇਸਦਾ ਉਦੇਸ਼ ਨਿਆਂ ਦਾ ਸਮਰਥਨ ਕਰਨ, ਪੀੜਤਾਂ ਦੇ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਅਤੇ ਦੁਨੀਆ ਦੀ ਸ਼ਾਂਤੀ, ਸੁਰੱਖਿਆ ਅਤੇ ਭਲਾਈ ਲਈ ਖ਼ਤਰਾ ਪੈਦਾ ਕਰਨ ਵਾਲੇ ਅਪਰਾਧਾਂ ਨੂੰ ਰੋਕਣ ਵਿੱਚ ਮਦਦ ਕਰਨ ਵਾਲੇ ਸਾਰੇ ਲੋਕਾਂ ਨੂੰ ਇੱਕਜੁੱਟ ਕਰਨਾ ਏ । ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਅੱਜ ਅੰਤਰ-ਰਾਸ਼ਟਰੀ ਨਿਆਂ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੇਘਵਾਲ ਨੇ ਕਿਹਾ ਕਿ ਇੱਕ ਨਿਆਂਪੂਰਨ, ਬਰਾਬਰ ਅਤੇ ਹਮਦਰਦੀ ਭਰੇ ਸਮਾਜ ਦੀ ਉਸਾਰੀ ਹਰ ਕਿਸੇ ਦੀ ਸਾਂਝੀ ਜ਼ਿੰਮੇਵਾਰੀ ਏ। ਉਨ੍ਹਾਂ ਨੇ ਲੋਕਾਂ ਨੂੰ ਬਰਾਬਰ ਮੌਕਿਆਂ, ਨਿਰਪੱਖ ਪ੍ਰਣਾਲੀਆਂ ਅਤੇ ਮਨੁੱਖੀ ਸਨਮਾਨ ਦੇ ਸਤਿਕਾਰ 'ਤੇ ਅਧਾਰਤ ਸਮਾਜ ਬਣਾਉਣ ਦਾ ਪ੍ਰਣ ਲੈਣ ਦਾ ਸੱਦਾ ਦਿੱਤਾ, ਜਿੱਥੇ ਹਰ ਨਾਗਰਿਕ ਨਿਆਂ ਤੱਕ ਪਹੁੰਚ ਕਰ ਸਕੇ।

-----------------------------------------------------------

ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਅੱਜ ਅੰਤਰ-ਰਾਸ਼ਟਰੀ ਨਿਆਂ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੇਘਵਾਲ ਨੇ ਕਿਹਾ ਕਿ ਇੱਕ ਨਿਆਂਪੂਰਨ, ਬਰਾਬਰ ਅਤੇ ਹਮਦਰਦੀ ਭਰੇ ਸਮਾਜ ਦੀ ਉਸਾਰੀ ਹਰ ਕਿਸੇ ਦੀ ਸਾਂਝੀ ਜ਼ਿੰਮੇਵਾਰੀ ਏ। ਉਨ੍ਹਾਂ ਨੇ ਲੋਕਾਂ ਨੂੰ ਬਰਾਬਰ ਮੌਕਿਆਂ, ਨਿਰਪੱਖ ਪ੍ਰਣਾਲੀਆਂ ਅਤੇ ਮਨੁੱਖੀ ਸਨਮਾਨ ਦੇ ਸਤਿਕਾਰ 'ਤੇ ਅਧਾਰਤ ਸਮਾਜ ਬਣਾਉਣ ਦਾ ਪ੍ਰਣ ਲੈਣ ਦਾ ਸੱਦਾ ਦਿੱਤਾ, ਜਿੱਥੇ ਹਰ ਨਾਗਰਿਕ ਨਿਆਂ ਤੱਕ ਪਹੁੰਚ ਕਰ ਸਕੇ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੀ ਜਨਤਕ ਵੰਡ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਜ਼ਰੂਰੀ ਖੁਰਾਕ ਸਪਲਾਈ ਨੂੰ ਹੋਰ ਵੀ

ਪਹੁੰਚਯੋਗ ਬਣਾਉਣ ਲਈ ਕੱਲ 2 ਹਜ਼ਾਰ 800 ਨਵੇਂ ਰਾਸ਼ਨ ਡਿਪੂ ਧਾਰਕਾਂ ਨੂੰ ਲਾਇਸੈਂਸ ਸੌਂਪੇ। ਇਸਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਸੂਬੇ ਭਰ ਦੇ ਲੋਕਾਂ ਨੂੰ ਰਾਸ਼ਨ ਉਹਨਾਂ ਦੇ ਘਰਾਂ ਦੇ ਨਜ਼ਦੀਕ ਮੁਹੱਈਆ ਕਰਵਾਇਆ ਜਾ ਸਕੇ। ਮੋਹਾਲੀ ਦੇ ਵਿਕਾਸ ਭਵਨ ਵਿਖੇ ਕਰਵਾਏ ਗਏ ਇੱਕ ਪ੍ਰੋਗਰਾਮ ਵਿੱਚ ਨਵ-ਨਿਯੁਕਤ ਡਿਪੂ ਧਾਰਕਾਂ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਇਹਨਾਂ ਲਾਇਸੈਂਸਾਂ ਨੂੰ ਇਮਾਨਦਾਰੀ, ਨਿਰਪੱਖਤਾ ਅਤੇ ਹਮਦਰਦੀ ਨਾਲ ਲੋਕਾਂ ਦੀ ਸੇਵਾ ਕਰਨ ਪ੍ਰਤੀ ਵੱਡੀ ਜ਼ਿੰਮੇਵਾਰੀ ਦੱਸਿਆ।

BYTE

-----------------------------------------------------------

ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਦੇ ਮਹਾਨ ਆਗੂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੋਢੀਆਂ ਵਿੱਚੋਂ ਇੱਕ ਤੇਜਾ ਸਿੰਘ ਸਮੁੰਦਰੀ ਜੀ ਦੇ ਅਕਾਲ ਚਲਾਣੇ ਦੀ 100 ਸਾਲਾ ਸ਼ਤਾਬਦੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਿੰਘ ਸਾਹਿਬਾਨ, ਸੰਤ-ਮਹਾਂਪੁਰਸ਼, ਸ਼੍ਰੋਮਣੀ ਕਮੇਟੀ ਅਹੁਦੇਦਾਰ, ਅਕਾਲੀ ਆਗੂ ਅਤੇ ਵੱਡੀ

ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਕਿਹਾ ਕਿ  ਤੇਜਾ ਸਿੰਘ ਸਮੁੰਦਰੀ ਉਹ ਮਹਾਨ ਸ਼ਖ਼ਸੀਅਤ ਸਨ ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਗੁਰੂ ਘਰ, ਪੰਥ ਅਤੇ ਸੰਸਥਾਵਾਂ ਦੀ ਮਜ਼ਬੂਤੀ ਲਈ ਸਮਰਪਿਤ ਕੀਤਾ। ਉਨ੍ਹਾਂ ਸਿੱਖਿਆ ਦੇ ਪ੍ਰਸਾਰ ਅਤੇ ਪੰਥਕ ਸੰਸਥਾਵਾਂ ਦੀ ਉਸਾਰੀ ਵਿੱਚ ਸਮੁੰਦਰੀ ਜੀ ਦੇ ਯੋਗਦਾਨ ਨੂੰ ਇਤਿਹਾਸਕ ਕਰਾਰ ਦਿੱਤਾ।

------------------------------------------------------------

ਇੰਗਲੈਂਡ ਨੇ ਦੂਜੇ ਇੱਕ ਰੋਜ਼ਾ ਮੈਚ ਵਿੱਚ ਭਾਰਤ ਨੂੰ ਚਾਰ ਵਿਕਟਾਂ ਨਾਲ ਹਰਾ ਦਿੱਤਾ ਏ । ਟਾਸ ਹਾਰਨ ਤੋਂ ਬਾਅਦ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਭਾਰਤ 44 ਓਵਰਾਂ ਵਿੱਚ 233 ਦੌੜਾਂ 'ਤੇ ਆਊਟ ਹੋ ਗਿਆ। ਸ਼੍ਰੇਅਸ ਅਈਅਰ ਨੇ 66 ਅਤੇ ਵਿਰਾਟ ਕੋਹਲੀ ਨੇ 65 ਦੌੜਾਂ ਬਣਾਈਆਂ। ਇੰਗਲੈਂਡ ਲਈ ਜੋਫਰਾ ਆਰਚਰ ਅਤੇ ਗੁਸ ਐਟ-ਕਿੰਸਨ ਨੇ ਤਿੰਨ-ਤਿੰਨ ਵਿਕਟਾਂ ਲਈਆਂ। ਸਾਕਿਬ ਮਹਿਮੂਦ ਨੇ ਦੋ ਵਿਕਟਾਂ ਲਈਆਂ। ਜਵਾਬ ਵਿੱਚ, ਇੰਗਲੈਂਡ ਨੇ 45ਵੇਂ ਓਵਰ ਵਿੱਚ ਛੇ ਵਿਕਟਾਂ ਗੁਆ ਕੇ ਟੀਚਾ ਪ੍ਰਾਪਤ ਕਰ ਲਿਆ। ਤਜਰਬੇਕਾਰ ਬੱਲੇਬਾਜ਼ ਜੋ ਰੂਟ ਨੇ ਨਾਬਾਦ 99 ਦੌੜਾਂ ਦੀ ਜੇਤੂ ਪਾਰੀ ਖੇਡੀ। ਤਿੰਨ ਮੈਚਾਂ ਦੀ ਲੜੀ ਹੁਣ 1-1 ਨਾਲ

ਬਰਾਬਰੀ ‘ਤੇ ਏ । ਲੜੀ ਦਾ ਆਖਰੀ ਮੈਚ ਐਤਵਾਰ ਨੂੰ ਲਾਰਡਜ਼ ਕ੍ਰਿਕੇਟ ਮੈਦਾਨ 'ਤੇ ਖੇਡਿਆ ਜਾਵੇਗਾ।

----------------------------------------------------------------